**ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ**

**ਪੀ. ਜੀ. ਪੰਜਾਬੀ ਵਿਭਾਗ**

**ਰੂ–ਬ–ਰੂ ਸਮਾਗਮ**

**ਮਿਤੀ – 14-03-2023**

ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਪੀ. ਜੀ. ਪੰਜਾਬੀ ਵਿਭਾਗ ਵਲੋਂ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੇ ਦਿਸ਼ਾ- ਨਿਰਦੇਸ਼ਾਂ ਅਧੀਨ ਵਿਦਿਆਰਥੀ ਵਰਗ ਨੂੰ ਦਰਪੇਸ਼ ਚੁਣੌਤੀਆਂ ਅਤੇ ਸੰਭਾਵਨਾਵਾਂ ਵਿਸ਼ੇ ਉੱਤੇ ਮਿਤੀ 14-03-2023 ਨੂੰ ਰੂ-ਬ-ਰੂ ਸਮਾਗਮਕ ਕਰਵਾਇਆ ਗਿਆ ਜਿਸ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ.ਬਲਵਿੰਦਰ ਸਿੰਘ ਧਨੋਆ,ਯੂ.ਐਸ.ਏ. ਅਤੇ ਸ.ਸੁਖਜੀਤ ਸਿੰਘ ਵਿਰਕ ,ਡੀ.ਐਸ.ਪੀ.ਵਿਜੀਲੈਂਸ, ਮੋਹਾਲੀ ਨੇ ਸ਼ਿਰਕਤ ਕੀਤੀ। ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਹਰਜਿੰਦਰ ਸਿੰਘ ਬਲਿੰਗ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਦੇ ਜੀਵਨ ਸੰਘਰਸ਼ ਤੋਂ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ। ਸ. ਬਲਵਿੰਦਰ ਸਿੰਘ ਨੇ ਵਿਦਿਆਰਥੀਆਂ ਦੇ ਰੂ – ਬ – ਰੂ ਹੁੰਦਿਆਂ ਉਨ੍ਹਾਂ ਨੂੰ ਨੈਤਿਕ ਕਦਰਾਂ- ਕੀਮਤਾਂ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ। ਸ. ਸੁਖਜੀਤ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਸੁਚੱਜੀ ਜੀਵਨ-ਜਾਚ ਅਪਣਾਉਣ ਉੱਤੇ ਜ਼ੋਰ ਦਿੱਤਾ। ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਭਾਗ ਦੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਵਿਸ਼ੇਸ਼ ਮਹਿਮਾਨਾਂ ਦੇ ਵਿਚਾਰਾਂ ਦੀ ਪ੍ਰੋੜਤਾ ਕੀਤੀ। ਇਸ ਮੌਕੇ ਪੰਜਾਬੀ ਸਾਹਿਤ ਦੇ 100 ਦੇ ਕਰੀਬ ਵਿਦਿਆਰਥੀ ਅਤੇ ਸਮੁੱਚਾ ਪੰਜਾਬੀ ਵਿਭਾਗ ਡਾ. ਗੁਰਪ੍ਰੀਤ ਕੌਰ, ਪ੍ਰੋ. ਰਵਿੰਦਰ ਸਿੰਘ, ਡਾ. ਮਨਪ੍ਰੀਤ ਕੌਰ, ਪ੍ਰੋ. ਹਰਪ੍ਰੀਤ ਕੌਰ, ਡਾ. ਹਰਸਿਮਰਤ ਕੌਰ, ਪ੍ਰੋ. ਦਿਨੇਸ਼ ਕੁਮਾਰ , ਡਾ. ਸੁਖਵਿੰਦਰ ਕੌਰ ਆਦਿ ਹਾਜ਼ਰ ਸਨ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਸੁਖਵਿੰਦਰ ਸਿੰਘ ਨੇ ਬਾਖ਼ੂਬੀ ਨਿਭਾਈ।









